**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2109 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-02-2019, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 25-06-2015 ਤੋਂ ਮਿਤੀ-ਅੰਤ ਸ਼੍ਰੀ ਗੁਰਬਖਸ਼ ਸਿੰਘ ਅਤੇ ਹੋਰਨਾਂ ਵੱਲੋਂ ਗਰਾਮ ਪੰਚਾਇਤ ਤੋਗਾਂ ਲੈਂਡ (ਅਬਾਦੀ ਦੇਹ) ਖਸਰਾ ਨੰ:33 ਟੋਬਾ ਤੇ ਕੀਤੇ ਗੈਰ-ਕਾਨੂੰਨੀ ਕਬਜ਼ੇ ਨੂੰ ਹਟਾਉਣ ਬਾਰੇ ਗਰਾਮ ਪੰਚਾਇਤ ਵੱਲੋਂ ਮਿਤੀ 25-06-2015 ਨੂੰ ਪਾਸ ਕੀਤੇ ਗਏ ਮਤੇ ਅਨੁਸਾਰ ਕਾਰਵਾਈ ਕਰਨ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਵੀ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3247, ਮਿਤੀ 09-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਕਮਿਸ਼ਨ ਨੂੰ ਜਵਾਬ ਭੇਜਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਨਹੀਂ ਹੈ। ਇਸ ਲਈ ਉਨ੍ਹਾਂ ਨੇ ਅਪੀਲ ਕੇਸ ਡਿਸਮਿਸ ਕਰਨ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਵੱਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 24-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਾਜਿੰਦਰ ਕੁਮਾਰ ਗੁਪਤਾ (88476-82014)
ਪੁੱਤਰ ਸ਼੍ਰੀ ਜੈ ਕਿਸ਼ਨ ਦਾਸ ਗੁਪਤਾ,
ਮਕਾਨ ਨੰ 158, ਪਿੰਡ ਤੋਗਾਂ, ਡਾਕਖਾਨਾ ਤੀਰਾ,
ਜ਼ਿਲ੍ਹਾ ਮੁਹਾਲੀ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:2110 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-02-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਮਾਜਰੀ ਤਹਿਸੀਲ ਤੇ ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 29-12-2015 ਤੋਂ ਮਿਤੀ-ਅੰਤ ਗਰਾਮ ਪੰਚਾਇਤ ਤੋਗਾਂ ਵੱਲੋਂ ਮਿਤੀ 25-06-2015 ਨੂੰ ਪਾਸ ਕੀਤੇ ਗਏ ਮਤੇ ਅਨੁਸਾਰ ਗਰਾਮ ਪੰਚਾਇਤ ਤੋਗਾਂ ਦੀ ਸ਼ਾਮਲਾਟ ਜ਼ਮੀਨ ਪ੍ਰਾਪਤ ਕਰਨ ਲਈ ਪੁੱਡਾ ਤੋਂ 10240427/-ਰੁਪਏ ਦੀ ਰਾਸ਼ੀ ਮੰਗਣ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 11-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ ਵੱਲੋਂ ਆਪਣੇ ਪੱਤਰ ਨੰ:3158-3159, ਮਿਤੀ 08-08-2019 ਰਾਹੀਂ ਸ਼੍ਰੀ ਮੋਹਿਤ ਕੁਮਾਰ, ਪੰਚਾਇਤ ਸਕੱਤਰ-ਕਮ-ਲੋਕ ਸੂਚਨਾ ਅਫਸਰ, ਗਰਾਮ ਪੰਚਾਇਤ ਤੋਗਾਂ ਨੂੰ ਕਮਿਸ਼ਨ ਵਿਖੇ ਇਸ ਕੇਸ ਦੀ ਪੈਰਵਾਈ ਲਈ ਹਾਜ਼ਰ ਹੋਣ ਲਈ ਹਦਾਇਤਾਂ ਜਾਰੀ ਕਰਨ ਦੇ ਬਾਵਜੂਦ ਵੀ ਓਹ ਅੱਜ ਕਮਿਸ਼ਨ ਵਿਖੇ ਹਾਜ਼ਰ ਨਹੀਂ ਹੋਏ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਨਾ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਸ਼੍ਰੀ ਮੋਹਿਤ ਕੁਮਾਰ, ਪੰਚਾਇਤ ਸਕੱਤਰ-ਕਮ-ਲੋਕ ਸੂਚਨਾ ਅਫਸਰ, ਗਰਾਮ ਪੰਚਾਇਤ ਤੋਗਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਹਾਜ਼ਰ ਹੋ ਕੇ ਅੱਜ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਪੀਲਕਰਤਾ ਵੱਲੋਂ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 24-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਲਾਲ, (83607-93940)
ਪੁੱਤਰ ਸ਼੍ਰੀ ਸੰਤ ਰਾਮ,
ਪਿੰਡ ਤੇ ਡਾਕਖਾਨਾ ਭੁੱਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਚਾਇਤ ਸਕੱਤਰ,
ਗਰਾਮ ਪੰਚਾਇਤ ਭੁੱਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 524/2019**

**ਹਾਜ਼ਰ:-**

1) ਸ਼੍ਰੀ ਕ੍ਰਿਸ਼ਨ ਲਾਲ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 12-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਭੁੱਨਰਹੇੜੀ, ਜ਼ਿਲ੍ਹਾ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਭੁੱਨਰਹੇੜੀ ਬੱਸ ਸਟੈਂਡ ਦਾ ਨਾਲ ਕਲਸੀ ਟੋਕਾ ਹਾਊਸ ਦੇ ਪਿਛਲੇ ਪਾਸੇ ਵਿਖੇ 1998 ਤੋਂ ਲੈ ਕੇ 2002-03 ਤੱਕ ਗਲੀਆਂ ਬਨਾਉਣ ਸਬੰਧੀ ਪਾਸ ਕੀਤੇ ਗਏ ਮਤਿਆ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਬਲਾਕ ਭੁੱਨਰਹੇੜੀ, ਜ਼ਿਲ੍ਹਾ ਪਟਿਆਲਾ ਵੱਲੋਂ ਆਪਣੇ ਪੱਤਰ ਨੰ:318-19, ਮਿਤੀ 06-02-2019 ਰਾਹੀਂ ਸ਼ਿਕਾਇਤਕਰਤਾ ਦੀ ਆਰੀ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਸ਼੍ਰੀ ਹਰਲਾਲ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ- ਪੰਚਾਇਤ ਸਕੱਤਰ, ਗਰਾਮ ਪੰਚਾਇਤ, ਭੁੱਨਰਹੇੜੀ, ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 06-06-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 29-07-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਸਿੰਘ, (93562-62225)
ਸਾਬਕਾ ਸਰਪੰਚ, ਸਾਲੋਵਾਲ,
ਤਹਿਸੀਲ ਤੇ ਜ਼ਿਲ੍ਹਾ, ਪਠਾਨਕੋਟ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ,
ਜ਼ਿਲ੍ਹਾ ਪਠਾਨਕੋਟ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 531/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 29-11-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ, ਜ਼ਿਲ੍ਹਾ ਪਠਾਨਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2016 ਤੋਂ ਲੈ ਕੇ 2018 ਤੱਕ ਪੰਚਾਇਤ ਪਿੰਡ ਛਾਲੋਵਾਲ ਦੇ ਕੰਮ, ਪੰਚਾਇਤ ਫੰਡ, 4 ਲੱਖ ਰੁਪਏ ਦੀ ਗਰਾਂਟ ਦੀ ਵਰਤੋਂ ਅਤੇ ਪੰਚਾਇਤ ਦੇ ਖਾਤੇ ਆਦਿ ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 06-06-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 29-07-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵਾਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਸ਼ਿਕਾਇਤਕਰਤਾ ਨੂੰ ਆਪਣਾ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੋਗੀ ਜਗਦੀਪ ਸਿੰਘ (94643-23337)
ਪੁੱਤਰ ਸ਼੍ਰੀ ਤਰਸੇਮ ਸਿੰਘ,
ਪਿੰਡ ਪੱਖੋਵਾਲ, ਡਾਕਖਾਨਾ ਗੜ੍ਹਦੀਵਾਲਾ,
ਜ਼ਿਲ੍ਹਾ ਹੁਸ਼ਿਆਰਪੁਰ-144207. ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵੀ.ਡੀ.ਓ. ਗਰਾਮ ਪੰਚਾਇਤ, ਪੱਖੋਵਾਲ,
ਬਲਾਕ ਭੂੰਗਾ, ਜ਼ਿਲ੍ਹਾ ਹੁਸ਼ਿਆਰਪੁਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 538/2019**

**ਹਾਜ਼ਰ:-**

1) ਸ਼੍ਰੀ ਜੋਗੀ ਜਗਦੀਪ ਸਿੰਘ ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਮਲਕੀਤ ਸਿੰਘ, ਪੰਚਾਇਤ ਸਕੱਤਰ (98724-01007)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 14-02-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਕੰਟਰੋਲਰ, ਪੰਚਾਇਤੀ (ਵਿੱਤ) ਪੇਂਡੂ ਵਿਕਾਸ ਤੇ ਪੰਚਾਇਤਾਂ, ਪੰਜਾਬ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੰਗਤ ਦਰਸ਼ਨ 2016-17 (ਪਿਛਲੀ ਸਰਕਾਰ) ਦੇ ਸੈਸ਼ਨ ਤਹਿਤ ਪਿੰਡ ਪੱਖੋਵਾਲ ਨੂੰ ਮਿਲੀਆਂ ਗਰਾਂਟਾਂ ਅਤੇ ਪੰਚਾਇਤੀ ਸੈਸ਼ਨ 2013-2019 ਪੰਜ ਸਾਲ ਟਰਮ ਤਹਿਤ ਦਿੱਤੀਆਂ ਗਰਾਂਟਾਂ ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਦਫਤਰ ਕੰਟਰੋਲਰ, ਪੰਚਾਇਤੀ (ਵਿੱਤ) ਪੇਂਡੂ ਵਿਕਾਸ ਤੇ ਪੰਚਾਇਤਾਂ, ਪੰਜਾਬ, ਵੱਲੋਂ ਆਪਣੇ ਪੱਤਰ ਨੰ:27/1/2019-ਬਲਜ-5/889-90, ਮਿਤੀ 11-03-2019 ਰਾਹੀਂ ਸ਼ਿਕਾਇਤਕਰਤਾ ਦੀ ਆਰੀ.ਟੀ.ਆਈ. ਅਰਜ਼ੀ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪੰਚਾਇਤ ਸਕੱਤਰ/ਵੀ.ਡੀ.ਓ. -ਕਮ- ਲੋਕ ਸੂਚਨਾ ਅਧਿਕਾਰੀ, ਗਰਾਮ ਪੰਚਾਇਤ ਪੱਖੋਵਾਲ, ਡਾਕਖਾਨਾ ਗੜ੍ਹਦੀਵਾਲ ਰਾਹੀਂ ਦਫ਼ਤਰ ਵਿਕਾਸ ਤੇ ਪੰਚਾਇਤ ਅਫਸਰ ਭੂੰਗਾ, ਜ਼ਿਲ੍ਹਾ ਹੁਸ਼ਿਆਰਪੁਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 03-06-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 29-07-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ, ਸ਼੍ਰੀ ਮਲਕੀਤ ਸਿੰਘ, ਪੰਚਾਇਤ ਸਕੱਤਰ ਨੇ ਸ਼ਿਕਾਇਤਕਰਤਾ ਨੂੰ ਸੰਬੋਧਿਤ ਇੱਕ ਪੱਤਰ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਲੈਣ ਲਈ ਬਣਦੀ ਫੀਸ 86/-ਰੁਪਏ (ਫੋਟੋ ਸਟੈਟ ਖਰਚਾ) ਜਮ੍ਹਾਂ ਕਰਾਉਣ ਲਈ ਲਿਖਿਆ ਗਿਆ ਸੀ ਪਰੰਤੂ ਉਸ ਵੱਲੋਂ ਬਣਦੀ ਫੀਸ ਜਮ੍ਹਾਂ ਨਹੀਂ ਕਰਵਾਈ ਗਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:** 538/2019

ਲਿਆ ਗਿਆ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਤੇ ਕੋਈ ਮਿਤੀ ਨਹੀਂ ਦਰਸਾਈ ਗਈ ਜਿਸ ਤੋਂ ਇਹ ਪਤਾ ਚੱਲ ਸਕੇ ਕਿ ਇਹ ਪੱਤਰ ਕਿਸ ਮਿਤੀ ਨੂੰ ਸ਼ਿਕਾਇਤਕਰਤਾ ਨੂੰ ਲਿਖਿਆ ਗਿਆ ਸੀ। ਇਸ ਸਬੰਧ ਵਿੱਚ ਹਾਜ਼ਰ ਉੱਤਰਦਾਤਾ ਵੱਲੋਂ ਡਾਕਖਾਨੇ ਦੀ ਰਜਿਸਟਰੀ ਦੀ ਅਸਲ ਰਸੀਦ ਪੇਸ਼ ਕੀਤੀ ਗਈ ਹੈ ਜਿਸ ਤੋਂ ਇਹ ਪਤਾ ਚਲਦਾ ਹੈ ਕਿ ਉੱਤਰਦਾਤਾ ਵੱਲੋਂ ਇਹ ਪੱਤਰ ਸ਼ਿਕਾਇਤਕਰਤਾ ਨੂੰ ਮਿਤੀ 26-04-2019 ਨੂੰ ਭੇਜਿਆ ਗਿਆ ਸੀ ਜਦੋਂ ਕਿ ਸ਼ਿਕਾਇਤਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ, ਮਿਤੀ 14-02-2019 ਨੂੰ ਪੇਸ਼ ਕੀਤੀ ਗਈ ਸੀ। ਇਸ ਤੋਂ ਸਪੱਸ਼ਟ ਹੈ ਕਿ ਉੱਤਰਦਾਤਾ ਵੱਲੋਂ 30 ਦਿਨਾਂ ਤੋਂ ਬਾਅਦ ਸੂਚਨਾ ਲਈ ਫੀਸ ਦੀ ਮੰਗ ਕੀਤੀ ਗਈ ਸੀ ਜਿਸ ਕਰਕੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਫ਼ਤ ਮੁਹੱਈਆ ਕਰਾਉਣੀ ਬਣਦੀ ਹੈ। ਹਾਜ਼ਰ ਉੱਤਰਦਾਤਾ ਨੂੰ ਭਵਿੱਖ ਵਿੱਚ ਅਜਿਹੀ ਅਣਗਹਿਲੀ ਨਾ ਕਰਨ ਬਾਰੇ ਸਮਝਾ ਦਿੱਤਾ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਮੁਫਤ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**ਮਿਤੀ: ਚੰਡੀਗੜ੍ਹ,** 27 **ਅਗਸਤ,** 2019.

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਜੀਤ ਸਿੰਘ, (90412-34342)
ਪੁੱਤਰ ਸ਼੍ਰੀ ਜੋਰਾ ਸਿੰਘ,
ਪਿੰਡ ਤੇ ਡਾਕਖਾਨਾ ਕਾਤਰੋ,
ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ-148025। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਪਟਿਆਲਾ ਰੇਂਜ ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2117/2019**

**ਹਾਜ਼ਰ:-**

1) ਸ਼੍ਰੀ ਹਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੁਕੱਦਮਾ ਨੰ:57, ਮਿਤੀ 21-04-2018 ਪੁਲਿਸ ਥਾਣਾ ਸਦਰ ਧੂਰੀ ਬਾਬਤ ਐਸ.ਐਸ.ਪੀ. ਸੰਗਰੂਰ ਦੇ ਦਫਤਰੀ ਦਰਖਾਸਤ ਨੰਬਰ 2908/ਪੀ.ਸੀ.,ਮਿਤੀ 28-08-2108 ਅਤੇ ਦਰਖਾਸਤ ਨੰਬਰ 8067/ਪੀ, ਮਿਤੀ 02-08-2018 ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:71-ਅਪੀਲ/ਆਰ.ਟੀ.ਆਈ., ਮਿਤੀ 26-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਮਿਤੀ 20-12-2018 ਨੂੰ ਸਧਾਰਣ ਡਾਕ ਰਾਹੀਂ ਸੂਚਨਾ ਭੇਜੀ ਗਈ ਸੀ ਅਤੇ ਦੁਬਾਰਾ ਫਿਰ ਮਿਤੀ 20-03-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋ ਹਾਜ਼ਰ ਉੱਤਰਦਾਤਾ ਵੱਲੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਸੂਚਨਾ ਤਾਂ ਪ੍ਰਾਪਤ ਹੋਈ ਹੈ ਪਰੰਤੂ ਪ੍ਰਾਪਤ ਹੋਈ ਸੂਚਨਾ ਅਧੂਰੀ ਹੈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 30-11-2018 ਸਬੰਧੀ ਨਿਰਧਾਰਿਤ ਸਮੇਂ ਅੰਦਰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜ਼ੋ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ੋਕ ਕੁਮਾਰ, (9592002002)
ਬੀ-70, ਸੈਕਟਰ 14,
ਪੰਜਾਬ ਯੂਨੀਵਰਸਿਟੀ,
ਚੰਡੀਗੜ੍ਹ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਐਂਸ.ਡੀ.ਕਾਲਿਜ, ਦੀਪ ਨਗਰ ,
ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਐਂਸ.ਡੀ.ਕਾਲਿਜ ਦੀਪ ਨਗਰ ,
ਹੁਸ਼ਿਆਰਪੁਰ। -------ਉੱਤਰਦਾਤਾ

**ਅਪੀਲ ਕੇਸ ਨੰ: 2118/2019**

**ਹਾਜ਼ਰ:-**

1) ਸ਼੍ਰੀ ਅਸ਼ੋਕ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਨੰਦ ਕਿਸ਼ੋਰ, ਪ੍ਰਿੰਸੀਪਲ (97790-31210)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-02-2019, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ ਐਂਸ.ਡੀ.ਕਾਲਿਜ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-01-2016 ਤੋਂ 31-12-2018 ਤੱਕ ਵਿਦੇਸ਼ ਜਾਣ ਲਈ ਇਤਰਾਜ਼-ਹੀਣਤਾ ਸਰਟੀਫਿਕੇਟ ਲੈਣ ਵਾਸਤੇ ਪ੍ਰਾਰਥੀਆਂ (ਰੈਗੂਲਰ, ਐਡ-ਹਾਕ, ਆਰਜ਼ੀ) ਕੋਲੋਂ ਪ੍ਰਾਪਤ ਹੋਈਆਂ ਅਰਜ਼ੀਆਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 27-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 29-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਡਾਕਟਰ ਨੰਦ ਕਿਸ਼ੋਰ, ਪ੍ਰਿੰਸੀਪਲ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਆਰ.ਟੀ.ਆਈ. ਐਕਟ,,2005 ਦੀ ਧਾਰਾ 8(1) (ਜੇ) ਤਹਿਤ ਦੇਣ ਤੋਂ ਛੋਟ ਹੈ ਜਿਸ ਕਰਕੇ ਅਪੀਲਕਰਤਾ ਨੂੰ ਸੂਚਨਾ ਨਹੀਂ ਦਿੱਤੀ ਜਾ ਸਕਦੀ। ਇਸ ਤੋਂ ਇਲਾਵਾ ਉਸ ਵੱਲੋਂ ਇਹ ਵੀ ਕਿਹਾ ਗਿਆ ਕਿ ਵਿਦੇਸ਼ ਜਾਣ

ਪਰਤੋ ਜੀ---- ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2118/2019

ਵਾਲੇ ਲਗਭੱਗ ਸਾਰੇ ਕਰਮਚਾਰੀਆਂ ਵੱਲੋਂ ਉਨ੍ਹਾਂ ਦੀ ਜਾਣਕਾਰੀ ਡਿਸਕਲੋਜ਼ ਕਰਨ ਤੋਂ ਮਨ੍ਹਾਂ ਕੀਤਾ ਗਿਆ ਹੈ। ਉੱਤਰਦਾਤਾ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਐਸ.ਡੀ.ਸੀ. 546/2019, ਮਿਤੀ 17-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਆਰਜ਼ੀ ਮੁਤਾਬਿਕ ਨੁਕਤਾ-ਵਾਰ, ਵਿਸਥਾਰ-ਪੂਰਵਕ, ਜਵਾਬ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ਼ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,27 ਅਗਸਤ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਹਰਪ੍ਰੀਤ ਕੌਰ, (92564-10049)
ਪੁੱਤਰੀ ਸ਼੍ਰੀ ਅਵਤਾਰ ਸਿੰਘ,
ਪਿੰਡ ਧਲੇਰ ਕਲਾਂ, ਡਾਕਖਾਨਾ ਪੋਸਟ ਝਨੇਰ ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ.,
ਪੁਲਿਸ ਥਾਣਾ,ਸਾਹਨੇਵਾਲ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 1659/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੇਵ ਸਿੰਘ, ਐਸ.ਆਈ. (78887-41866)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 31-07-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਈ ਸੀ ਪਰੰਤੂ ਉਸ ਨੇ ਈ.ਮੇਲ, ਮਿਤੀ 30-07-2019 ਰਾਹੀਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਸੀ।ਉਸ ਨੇ ਰਿਕਾਰਡ ਦੇ ਅਧਾਰ ਤੇ ਉੱਤਰਦਾਤਾ ਨੂੰ ਲੋੜੀਂਦੀ ਹਦਾਇਤ ਕਰਨ ਲਈ ਵੀ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਸ਼੍ਰੀ ਭੁਪਿੰਦਰ ਕੁਮਾਰ, ਏ.ਐਸ.ਆਈ. ਸਾਹਨੇਵਾਲ ਨੇ ਪੱਤਰ ਨੰ:227., ਮਿਤੀ 15-07-2019 ਰਾਹੀਂ ਕਮਿਸ਼ਨ ਨੰ ਸੂਚਨਾ ਪੇਸ਼ ਕੀਤੀ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਸਮੇਤ ਸੂਚਨਾ ਮਿਸਲ ਤੇ ਰੱਖ ਲਿਆ ਗਿਆ ਸੀ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਗਈ ਸੀ ਕਿ ਕਮਿਸ਼ਨ ਨੂੰ ਪੇਸ਼ ਕੀਤੀ ਗਈ ਸੂਚਨਾ ਦੀ ਇੱਕ ਕਾਪੀ ਕਵਰਿੰਗ ਪੱਤਰ ਲਗਾ ਕੇ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੇਵ, ਐਸ.ਆਈ. ਨੇ ਪੱਤਰ ਨੰ:1659/ਆਰ.ਟੀ.ਆਈ., ਮਿਤੀ 26-08-2019 ਪੇਸ਼ ਕਰਦੇ ਹੋਏ ਕਿ ਕਿਹਾ ਹੈ ਕਿ ਅਪੀਲਕਰਤਾ ਨੂੰ ਪੱਤਰ ਨੰ:275-ਡੀ, ਮਿਤੀ 05-08-2019 ਰਾਹੀਂ ਰਜਿਸਟਰਡ ਡਾਕ ਦੁਆਰਾ ਮਿਤੀ 05-08-2019 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਇਸ ਦੇ ਸਬੂਤ ਵਜੋਂ ਹਾਜ਼ਰ ਉੱਤਰਦਾਤਾ ਵੱਲੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਸਮੇਤ ਰਜਿਸਟਰੀ ਦੀ ਰਸੀਦ ਦੀ ਕਾਪੀ, ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਈ ਪਰੰਤੂ ਉਸ ਨੇ ਈ.ਮੇਲ, ਮਿਤੀ 26-08-2019 ਰਾਹੀਂ ਪੇਸ਼ੀ ਤੇ ਹਾਜ਼ਰ ਹੋਣ ਤੋਂ ਪੱਕੇ ਤੌਰ ਤੇ ਛੋਟ ਮੰਗਦੇ ਹੋਏ ਹੋਏ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ। ਇਸ ਤੋਂ ਇਲਾਵਾ ਅਪੀਲਕਰਤਾ ਨੇ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਆਪਣੇ ਪੱਤਰ, ਮਿਤੀ 13-08-2019 ਰਾਹੀਂ ਉੱਤਰਦਾਤਾ ਨੂੰ

ਪਰਤੋ ਜੀ---- ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:1659/2019**

ਸੂਚਿਤ ਕਰਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਹੈ।

4. ਹਾਜ਼ਰ ਉੱਤਰਦਾਤਾ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਭੇਜਿਆ ਗਿਆ ਪੱਤਰ, ਮਿਤੀ 13-08-2019 ਉਨ੍ਹਾਂ ਨੂੰ ਪ੍ਰਾਪਤ ਨਹੀਂ ਹੋਇਆ। ਅਪੀਲਕਰਤਾ ਦੇ ਪੱਤਰ, ਮਿਤੀ 13-08-2019 ਦੀ ਕਾਪੀ ਹਾਜ਼ਰ ਉੱਤਰਦਾਤਾ ਨੂੰ ਦਸਤੀ ਦੇ ਦਿੱਤੀ ਗਈ ਹੈ। ਇਸ ਲਈ ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਬਾਰੇ ਵਿਸਥਾਰ-ਪੂਰਵਕ, ਨੁਕਤਾਵਾਰ ਜਵਾਬ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਅਪੀਲਕਰਤਾ ਨੂੰ ਵੀਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 16-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,27 ਅਗਸਤ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰਜਨ ਸਿੰਘ,
ਪੁੱਤਰ ਚੰਨਣ ਸਿੰਘ,
ਵਾਸੀ ਧਾਲੀਵਾਲ ਪੱਤੀ, ਪਿੰਡ ਛਾਜਲੀ,
ਤਹਿਸੀਲ ਸੁਨਾਮ, ਜ਼ਿਲ੍ਹਾ ਸੰਗਰੂਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਸੁਨਾਮ,
ਜ਼ਿਲ੍ਹਾ ਸੰਗਰੂਰ।

ਸ਼੍ਰੀਮਤੀ ਗੁਰਲੀਨ ਕੌਰ, ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਸੁਨਾਮ,
ਜ਼ਿਲ੍ਹਾ ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:269/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਗੁਰਲੀਨ ਕੌਰ, ਤਹਿਸੀਲਦਾਰ, ਸੁਨਾਮ (81468-94720) ਅਤੇ ਸ਼੍ਰੀ ਅਸ਼ਵਨੀ ਕੁਮਾਰ, ਰੀਡਰ (98766-61266)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-11-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਵਾਕਾ ਰਕਬਾ ਪਿੰਡ ਛਾਜਲੀ-ਏ ਬਾਬਤ ਕੀਲਾ ਨੰ:312//14, (0-3) 312//15 (0-3) 312//16(0-3) 312//12(0-03) ਦੀ ਨਿਸ਼ਾਨਦੇਹੀ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-03-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 31-07-2019 ਤੇ ਦਫ਼ਤਰੀ ਰਿਕਾਰਡ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 02-11-2018 ਨੂੰ ਆਰ.ਟੀ.ਆਈ. ਅਰਜ਼ੀ ਪੇਸ਼ ਕੀਤੀ ਗਈ ਸੀ। ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ 09 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਸ਼ਿਕਾਇਤਕਰਤਾ ਨੂੰ ਸੂਚਨਾ ਹੀ ਭੇਜੀ ਗਈ ਹੈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਕਰਕੇ ਉੱਤਰਦਾਤਾ, ਸ਼੍ਰੀਮਤੀ ਗੁਰਲੀਨ ਕੌਰ, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕਰ ਕੇ ਉਸ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ।

ਪਰਤੋ ਜੀ ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:269/2019**

ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 27-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

3. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਗੁਰਲੀਨ ਕੌਰ, ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੇ ਅੱਜ ਪੇਸ਼ੀ ਤੇ ਹਾਜ਼ਰ ਹੋ ਕੇ ਕਾਰਨ-ਦੱਸੋ ਨੋਟਿਸ, ਮਿਤੀ 31-07-2019 ਦੇ ਸਬੰਧ ਵਿੱਚ ਹਲਫੀਆ-ਬਿਆਨ, ਮਿਤੀ 27-08-2019 ਰਾਹੀਂ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਪਣੇ ਬਿਆਨ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 02-11-2018 ਦੇ ਸਬੰਧ ਵਿੱਚ ਸ਼ਿਕਾਇਤਕਰਤਾ ਨੂੰ ਪੱਤਰ ਨੰ:155, ਮਿਤੀ 30-11-2018 ਅਤੇ ਫਿਰ ਪੱਤਰ ਨੰ:315, ਮਿਤੀ 22-08-2019 ਰਾਹੀਂ ਦੋ ਬਾਰ ਸੂਚਨਾ ਭੇਜੀ ਜਾ ਚੁੱਕੀ ਹੈ। ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਦੇ ਹੋਇਆ ਦੱਸਿਆ ਗਿਆ ਹੈ ਕਿ ਇਸ ਮਾਮਲੇ ਨਾਲ ਸਬੰਧਤ ਡੀਲਿੰਗ ਕਲਰਕ ਨੇ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਨਹੀ ਲਿਆਂਦਾ ਜਿਸ ਬਾਰੇ ਸਬੰਧਤ ਕਰਮਚਾਰੀ ਨੂੰ ਭਵਿੱਖ ਵਿੱਚ ਅਜਿਹਾ ਨਾ ਕਰਨ ਲਈ ਸਖਤ ਤਾੜਨਾ ਕਰਦੇ ਹੋਏ ਉਸ ਦੀ ਜਵਾਬ-ਤਲਬੀ ਕੀਤੀ ਗਈ ਹੈ। ਇਸ ਲਈ ਸਬੰਧਤ ਅਧਿਕਾਰੀ ਵੱਲੋਂ ਕਾਰਨ-ਦੱਸੋ ਨੋਟਿਸ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

5. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 02-11-2018 ਦੇ ਸਬੰਧ ਵਿੱਚ ਸ਼ਿਕਾਇਤਕਰਤਾ ਨੂੰ ਜਵਾਬ ਨਿਰਧਾਰਿਤ ਸਮੇਂ ਅੰਦਰ ਭਾਵ, ਪੱਤਰ ਨੰ:155, ਮਿਤੀ 30-11-2018 ਰਾਹੀਂ ਨੂੰ ਭੇਜ਼ ਦਿੱਤਾ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਜਾ ਚੁੱਕੇ ਜਵਾਬ ਅਤੇ ਕਾਰਨ-ਦੱਸੋ ਨੋਟਿਸ ਸਬੰਧੀ ਪੇਸ਼ ਕੀਤੇ ਗਏ ਹਲਫੀਆ-ਬਿਆਨ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਸ਼੍ਰੀਮਤੀ ਗੁਰਲੀਨ ਕੌਰ, ਤਹਿਸੀਲਦਾਰ, ਸੁਨਾਮ, ਜ਼ਿਲ੍ਹਾ ਸੰਗਰੂਰ ਨੂੰ ਕਮਿਸ਼ਨ ਦੇ ਹੁਕਮ, ਮਿਤੀ 31-07-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪਾਰਸ ਵਧਵਾ, (86995-00539)
ਪੁੱਤਰ ਸ਼੍ਰੀ ਰਾਜ ਕੁਮਾਰ,
ਮਕਾਨ ਨੰ: ਈ-1732,ਗਾਂਧੀ ਨਗਰ,
ਤਹਿਸੀਲ ਤੇ ਜ਼ਿਲ੍ਹਾ, ਫਾਜਿਲਕਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਵਣ ਕੰਪਲੇਕਸ, ਸੈਕਟਰ 68,
ਐੱਸ.ਏ.ਐੱਸ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ: 1718/2019**

**ਹਾਜ਼ਰ:-**

1) ਸ਼੍ਰੀ ਪਾਰਸ ਵਧਵਾ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 05-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁੜ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੀਤ ਸਿੰਘ,
ਪੁੱਤਰ ਲੇਟ ਸ਼੍ਰੀ ਦਰਸ਼ਨ ਸਿੰਘ,
ਪਿੰਡ ਬਾਦਲ, ਤਹਿਸੀਲ ਮਲੋਟ,
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।  -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ,
(ਆਰ.ਆਈ.ਵੀ.ਟੀ.) ਬਾਦਲ,
ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।  ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 69/2019**

**ਹਾਜ਼ਰ:-**

1) ਸ਼੍ਰੀ ਗੁਰਮੀਤ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਦੀਪ ਸਿੰਘ, ਵੈਲਡਰ ਇੰਸਟ੍ਰਕਟਰ (97800-86402)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ, ਬਾਦਲ, ਤਹਿਸੀਲ ਮਲੋਟ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰੂਰਲ ਇੰਸਟੀਚਿਊਟ ਫਾਰ ਵੋਕੇਸ਼ਨਲ ਟ੍ਰੇਨਿੰਗ, ਬਾਦਲ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨਾਲ ਸਬੰਧਤ 29 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ, ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਰਦੀਪ ਸਿੰਘ, ਵੈਲਡਰ ਇੰਸਟ੍ਰਕਟਰ ਨੇ ਪੱਤਰ ਨੰ:ਆਰ.ਆਈ.ਵੀ.ਟੀ/2019/111, ਮਿਤੀ 26-08-2019 ਰਾਹੀਂ ਨੁਕਤਾਵਾਰ ਸੂਚਨਾ ਪੇਸ਼ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 04-10-2018, ਜ਼ੋ ਕਿ ਉਨ੍ਹਾਂ ਨੂੰ ਮਿਤੀ 18-10-2018 ਨੂੰ ਪ੍ਰਾਪਤ ਹੋਈ ਸੀ, ਦੇ ਸਬੰਧ ਵਿੱਚ ਆਪਣੇ ਪੱਤਰ ਨੰ:ਆਰ.ਆਈ.ਵੀ.ਟੀ/2018/283 ਐਸ, ਮਿਤੀ 09-11-2018 ਰਾਹੀਂ ਨਿਰਧਾਰਿਤ ਸਮੇਂ ਅੰਦਰ ਸ਼ਿਕਾਇਤਕਰਤਾ ਨੂੰ ਸੂਚਨਾ ਭੇਜ਼ ਦਿੱਤੀ ਗਈ ਸੀ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਨੂੰ ਪਹੁੰਚ ਕਰਨੀ ਚਾਹੀਦੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 27 ਅਗਸਤ, 2019.**  **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਗਵਾਨ ਸਿੰਘ,
#915,ਸੈਕਟਰ 127 ਗਿਲਕੋ, ਮੁਹਾਲੀ। ------ ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ ,
ਦਫਤਰਖ਼ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ ਨੰ:995/2018**

**ਹਾਜ਼ਰ:-**

1) ਅਪੀਲਕਰਤਾ ਸਮੇਤ ਸ਼੍ਰੀ ਰਮੇਸ਼ ਕੁਮਾਰ ਵਸ਼ਿਸ਼ਟ, ਐਡਵੋਕੇਟ (94168-00730)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰ) ਵੱਲੋਂ ਸ਼੍ਰੀ ਰਸ਼ਨੀ ਕੁਮਾਰ, ਸੁਪਰਡੰਟ (94177-34385) ਦਫ਼ਤਰ ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਅਤੇ ਸ਼੍ਰੀ ਗੁਰਸੇਵਕ ਸਿੰਘ, ਸੀਨੀਅਰ ਸਹਾਇਕ (99158-13881) ਦਫ਼ਤਰ ਰਾਜਪਾਲ ਪੰਜਾਬ।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-11-2017, ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਹੱਤਿਆ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 07-05-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਪਿਛਲੀ ਪੇਸ਼ੀ, ਮਿਤੀ 05-08-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਏ.ਆਈ.ਜੀ. (ਕਰਾਈਮ) ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਨੁਕਤਾ ਨੰ:1-2 ਬਾਰੇ ਸੂਚਨਾ ਅਪੀਲਕਰਤਾ ਨੂੰ ਮਿਤੀ 12-07-2019 ਨੂੰ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਸੂਚਨਾ ਦੀ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਨੂੰ ਦਸਤੀ ਵੀ ਦੇ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:2296/ਸੀ.ਬੀ. -4, ਮਿਤੀ 12-07-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਸੀ।ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖ਼ਸ ਪਾਉਂਦੇ ਹੋਏ ਸ਼੍ਰੀ ਸੁਖਵਿੰਦਰ ਸਿੰਘ, ਏ.ਐਸ.ਆਈ. ਦਫ਼ਤਰ ਏ.ਆਈ.ਜੀ. (ਕਰਾਈਮ) ਨੂੰ ਪੇਸ਼ੀ ਤੋਂ ਛੋਟ ਦਿੱਤੀ ਗਈ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ ਨੰ:6/72/17-2ਗ4/3718, ਮਿਤੀ 16-07-2019 ਪ੍ਰਾਪਤ ਹੋਇਆ ਸੀ ਜਿਸ ਅਨੁਸਾਰ ਨੁਕਤਾ ਨੰ:4 ਸਬੰਧੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਾਸਤੇ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ, ਆਰ.ਟੀ.ਆਈ. ਐਕਟ,2005 ਦੀ ਧਾਰਾ 6(3) ਤਹਿਤ ਲੋਕ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:995/2018**

ਸੂਚਨਾ ਅਧਿਕਾਰੀ ਦਫ਼ਤਰ ਰਾਜਪਾਲ, ਪੰਜਾਬ ਨੂੰ ਤਬਦੀਲ ਕਰਦੇ ਹੋਏ ਪੇਸ਼ੀ ਮਿਤੀ 05-08-2019 ਤੇ ਕਮਿਸ਼ਨ ਵਿਖੇ ਹਾਜ਼ਰ ਹੋਣ ਲਈ ਕਿਹਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਦਫ਼ਤਰ ਰਾਜਪਾਲ, ਪੰਜਾਬ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਵੀ ਇੱਕ ਪੱਤਰ ਨੰ:ਪੀ.ਆਰ.ਬੀ.-3ਜੀ-2019/ਆਰ.ਟੀ.ਆਈ./3666, ਮਿਤੀ 24-07-2019 ਪ੍ਰਾਪਤ ਹੋਇਆ ਸੀ ਜਿਸ ਅਨੁਸਾਰ ਨੁਕਤਾ ਨੰ:4 ਸਬੰਧੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਲਈ ਉਨ੍ਹਾਂ ਨੇ ਗ੍ਰਹਿ ਵਿਭਾਗ (ਗ੍ਰਹਿ-4 ਸ਼ਾਖਾ) ਨੂੰ ਮੁੜ ਲਿਖਿਆ ਹੋਇਆ ਸੀ। ਇਸ ਸਥਿਤੀ ਦੇ ਸਨਮੁੱਖ ਲੋਕ ਸੂਚਨਾ ਅਧਿਕਾਰੀ ਦਫ਼ਤਰ ਰਾਜਪਾਲ, ਪੰਜਾਬ ਅਤੇ ਲੋਕ ਸੂਚਨਾ ਅਧਿਕਾਰੀ ਦਫਤਰ ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਚੰਡੀਗੜ੍ਹ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਨੂੰ ਨੁਕਤਾ ਨੰ:3 ਅਤੇ 4 ਬਾਰੇ ਸੂਚਨਾ ਮੁਹੱਈਆ ਕਰਾਉਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਥਿਤੀ ਸਪੱਸ਼ਟ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇ ਨੁਕਤਾ ਨੰ:3 ਅਤੇ 4 ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਸੇਵਕ ਸਿੰਘ, ਸੀਨੀਅਰ ਸਹਾਇਕ ਦਫ਼ਤਰ ਰਾਜਪਾਲ ਪੰਜਾਬ ਨੇ ਪੱਤਰ ਨੰ:ਪੀ.ਆਰ.ਬੀ.-3ਜੀ-2019/ਆਰ.ਟੀ.ਆਈ./4365, ਮਿਤੀ 26-08-2019 ਅਤੇ ਸ਼੍ਰੀ ਰਸ਼ਨੀ ਕੁਮਾਰ, ਸੁਪਰਡੰਟ ਦਫ਼ਤਰ ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਨੇ ਪੱਤਰ ਨੰ:6/72/17-2ਗ4/4553, ਮਿਤੀ 27-08-2019 ਰਾਹੀਂ ਆਪਣਾ ਜਵਾਬ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਮੰਗੀ ਗਈ ਸੂਚਨਾ ਨਾਲ ਸਬੰਧਤ ਰਿਕਾਰਡ ਉਨ੍ਹਾਂ ਦੇ ਦਫ਼ਤਰ ਵਿੱਚ ਉਪਲਬਧ ਨਹੀਂ ਹੈ। ਹਾਜ਼ਰ ਉੱਤਰਦਾਤਾਵਾਂ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ ਅਤੇ ਇਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਦੇ ਦਿੱਤੀ ਗਈ ਹੈ।ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

1) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਰਾਜਪਾਲ, ਪੰਜਾਬ,
ਪੰਜਾਬ ਰਾਜ ਭਵਨ, ਚੰਡੀਗੜ੍ਹ।

2) ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਹਾਇਕ ਇੰਸਪੈਕਟਰ ਜਨਰਲ ਆਫ
ਪੁਲਿਸ (ਕਰਾਈਮ), ਪੰਜਾਬ, ਚੰਡੀਗੜ੍ਹ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੂਰਬੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:918/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਅਲਕਾ ਰਾਣੀ, ਕਲਰਕ (95012-34202) ਦਫਤਰ ਤਹਿਸੀਲਦਾਰ (ਪੂਰਬੀ) ਲੁਧਿਆਣਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-12-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ ਮੈਜਿਸਟਰੇਟ (ਪੱਛਮੀ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਟਵਾਰ ਖਾਨਾ, ਸਲੇਮ ਟਾਬਰੀ, ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 05-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਤਹਿਸੀਲਦਾਰ (ਪੂਰਬੀ) ਲੁਧਿਆਣਾ ਵੱਲੋਂ ਆਪਣੇ ਪੱਤਰ ਨੰ:78/ਆਰ.ਟੀ.ਆਈ. ਮਿਤੀ 05-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:12/ਆਰ.ਟੀ.ਆਈ. ਮਿਤੀ 16-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 05-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਕਿਹਾ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ ਅਤੇ ਇਹ ਕੇਸ ਅਗਲੀ ਸੁਣਵਾਈ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:918/2019**

27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਅਲਕਾ ਰਾਣੀ, ਕਲਰਕ ਨੇ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਪਿਛਲੀ ਪੇਸ਼ੀ ਤੇ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ ਪਰੰਤੂ ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਕਿਸੇ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ।ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 27 ਅਗਸਤ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਤਹਿਸੀਲਦਾਰ-ਕਮ-
ਸਬ ਰਜਿਸਟਰਾਰ (ਪੱਛਮੀ)
ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਅਫਸਰ (ਪੱਛਮੀ), ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ: 916/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਨਪ੍ਰੀਤ ਸਿੰਘ, ਰੀਡਰ (94170-00060) ਦਫ਼ਤਰ ਤਹਿਸੀਲਦਾਰ (ਪੱਛਮੀ) ਲੁਧਿਆਣਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-11-2018, ਲੋਕ ਸੂਚਨਾ ਅਧਿਕਾਰੀ ਤਹਿਸੀਲਦਾਰ-ਕਮ-ਸਬ ਰਜਿਸਟਰਾਰ (ਪੱਛਮੀ) ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਟਵਾਰ ਖਾਨਾ, ਪਿੰਡ ਸੁਨੇਤ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 12-06-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 29-04-2019 ਰਾਹੀਂ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਸੀ। ਉੱਤਰਦਾਤਾ ਵੱਲੋਂ ਵੀ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਨੇ ਇਕ ਕੋਰਟ ਕੇਸ ਦੇ ਸਬੰਧ ਵਿੱਚ ਜ਼ਿਲ੍ਹਾ ਅਦਾਲਤ, ਫਤਿਹਗੜ੍ਹ ਸਾਹਿਬ ਵਿਖੇ ਹਾਜ਼ਰ ਹੋਣਾ ਸੀ। ਇਸ ਕਰਕੇ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਗਈ ਸੀ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਇਹ ਵੀ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਦੇ ਪੱਤਰ ਨੰ:618। ਮਿਤੀ 18-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 10-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 10-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਵਿੰਦਰ ਸਿੰਘ, ਰੀਡਰ/ਤਹਿਸੀਲਦਾਰ, ਲੁਧਿਆਣਾ ਸੈਂਟਰਲ ਨੇ ਕਿਹਾ ਸੀ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਨੂੰ ਹਦਾਇਤ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**916/2019

ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 05-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਪਿਛਲੀ ਪੇਸ਼ੀ, ਮਿਤੀ 05-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਪਰੰਤੂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਸੀ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 05-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਕਿਹਾ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਦੋਵਾਂ ਧਿਰਾਂ ਨੂੰ ਆਪਣਾ-ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

5. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਮਨਪ੍ਰੀਤ ਸਿੰਘ, ਰੀਡਰ ਦਫ਼ਤਰ ਤਹਿਸੀਲਦਾਰ (ਪੱਛਮੀ) ਲੁਧਿਆਣਾ ਨੇ ਪੱਤਰ ਨੰ:92/ਆਰ.ਟੀ.ਆਈ., ਮਿਤੀ 09-07-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਨਹੀਂ ਕੀਤਾ ਗਿਆ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਪਿਛਲੀ ਪੇਸ਼ੀ ਤੇ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ ਪਰੰਤੂ ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਕਿਸੇ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 27 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਿਕਰਮਜੀਤ ਸਿੰਘ ਛਾਛੀ, (94639-40586)
120 -ਬੀ /1 ਨਾਗਰਾ ਹਾਊਸ,
ਟੀ.ਬੀ. ਹਸਪਤਾਲ ਰੋਡ, ਪਟਿਆਲਾ-147001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ: 1879/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰੁਨ ਕੁਮਾਰ, ਐਡਵੋਕੇਟ (82888-99044)।

**ਹਕਮ:**

ਪਿਛਲੀ ਪੇਸ਼ੀ, ਮਿਤੀ 07-08-2019 ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਮੁਨੀਸ਼ ਸਿੰਘ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 26-07-2019 ਪੇਸ਼ ਕਰਦੇ ਹੋਏ ਕੁੱਝ ਸਮੇਂ ਦੀ ਮੰਗ ਕੀਤੀ ਸੀ ਹਾਜ਼ਰ ਉੱਤਰਦਾਤਾ ਵੱਲੋਂ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਤਰੁਨ ਕੁਮਾਰ, ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਆਪਣਾ ਲਿਖਤੀ ਜਵਾਬ, ਮਿਤੀ 26-07-2019 ਪਹਿਲਾਂ ਹੀ ਪੇਸ਼ ਕੀਤਾ ਹੋਇਆ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਉਨ੍ਹਾਂ ਦੇ ਦਫ਼ਤਰ ਆ ਕੇ ਆਪਣੀ ਆਰ.ਟੀ.ਆਈ. ਰਾਹੀਂ ਮੰਗੀ ਗਈ ਸੂਚਨਾ ਬਾਰੇ ਸਪੱਸ਼ਟ ਕਰਨ ਲਈ ਕਿਹਾ ਗਿਆ ਪਰੰਤੂ ਉਹ ਉਨ੍ਹਾਂ ਦੇ ਦਫ਼ਤਰ ਨਹੀਂ ਗਏ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਏ ਪਰੰਤੂ ਉਨ੍ਹਾਂ ਵੱਲੋਂ ਆਪਣੇ ਪੱਤਰ, ਮਿਤੀ 20-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਹ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕਦੇ। ਇਸ ਲਈ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤਰਲੋਚਨ ਸਿੰਘ ਪੁੱਤਰ ਸ਼੍ਰੀ ਕਿਸ਼ਨ ਸਿੰਘ,
ਵਾਸੀ ਪਿੰਡ ਤੇ ਡਾਕਖਾਨਾ ਕੁਠਾਲਾ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ-148020. ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:451 /2019**

**ਹਾਜ਼ਰ:-**

1) ਸ਼੍ਰੀ ਤਰਲੋਚਨ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈ ਕੁਮਾਰ, ਇੰਸਪੈਕਟਰ, ਖਰਾਕ ਤੇ ਸਪਲਾਈ (97800-43713) ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ ਦੀ ਆਟਾ-ਦਾਲ ਸਕੀਮ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਖੁਰਾਕ ਤੇ ਸਪਲਾਈ ਵਿਭਾਗ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਸ਼ਿਕਾਇਤਕਰਕਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਆਪਣੇ ਪੱਤਰ ਨੰ:87/ਆਰ.ਟੀ.ਆਈ, ਮਿਤੀ 14-03-2019 ਰਾਹੀਂ ਲੋਕ ਸੂਚਨਾ ਅਧਿਕਾਰੀ-ਕਮ-ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਸੰਗਰੂਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈ ਕੁਮਾਰ, ਇੰਸਪੈਕਟਰ, ਖਰਾਕ ਤੇ ਸਪਲਾਈ ਨੇ ਪੱਤਰ ਨੰ:74, ਮਿਤੀ 23-08-2019 ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਸ਼ਿਕਾਇਤਕਰਤਾ ਨੂੰ ਮਿਤੀ 13-04-2019 ਨੂੰ ਸੂਚਨਾ ਡਾਕ ਰਾਹੀਂ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਸ਼ਿਕਾਇਤਕਰਤਾ ਨੇ ਆਪਣੇ ਪੱਤਰ, ਮਿਤੀ 27-08-2019 ਰਾਹੀਂ ਮੰਨਿਆ ਹੈ ਕਿ ਉਸ ਨੂੰ ਕਮਿਸ਼ਨ ਦੇ ਹੁਕਮ, ਮਿਤੀ 07-08-2019 ਅਨੁਸਾਰ ਮੁਕੰਮਲ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਬੇਨਤੀ ਕੀਤੀ ਹੈ ਕਿ ਇਹ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਜੀਤ ਸਿੰਘ,
ਪੁੱਤਰ ਸ਼੍ਰੀ ਯਾਦਵਿੰਦਰ ਸਿੰਘ,
ਵਾਸੀ ਪਿੰਡ ਬਹਿਬਲ ਕਲਾਂ, ਤਹਿਸੀਲ ਜੈਤੋ,
ਜ਼ਿਲ੍ਹਾ ਫਰੀਦਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ,
ਜ਼ਿਲ੍ਹਾ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜ਼ਿਲ੍ਹਾ ਫਰੀਦਕੋਟ। ------ਉੱਤਰਦਾਤਾ

**ਅਪੀਲ ਕੇਸ ਨੰ:2221/2018**
**ਅਪੀਲ ਕੇਸ ਨੰ:2222/2018**

**ਹਾਜ਼ਰ:-**

1) ਸ਼੍ਰੀ ਗੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ (94634-33704) ਅਤੇ ਸ਼੍ਰੀ ਬੇਅੰਤ ਸਿੰਘ, ਸਾਬਕਾ ਪੰਚਾਇਤ ਸਕੱਤਰ।

**ਹੁਕਮ:**

**ਅਪੀਲ ਕੇਸ ਨੰ:2221/2018**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-04-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-08-2013 ਤੋਂ ਸੂਚਨਾ ਪ੍ਰਦਾਨ ਕਰਨ ਦੀ ਮਿਤੀ ਤੱਕ ਗਰਾਮ ਪੰਚਾਇਤ, ਪਿੰਡ ਬਹਿਬਲ ਕਲਾਂ, ਦੇ ਰਿਕਾਰਡ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-07-2918 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-08-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

**ਅਪੀਲ ਕੇਸ ਨੰ:2222/2018**

2. ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 25-04-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਬਹਿਬਲ ਕਲਾਂ ਦੇ ਛੱਪੜਾਂ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-07-2918 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 28-08-2018 ਨੂੰ ਸਵੇਰੇ 11:00 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪਿਛਲੀ ਪੇਸ਼ੀ, ਮਿਤੀ 07-08-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਕਮਿਸ਼ਨ ਦੇ ਹੁਕਮ, ਮਿਤੀ 08-07-2019 ਅਨੁਸਾਰ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ ਸੀ। ਸ਼੍ਰੀਮਤੀ ਨੀਰੂ ਗਰਗ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ ਨੇ ਕਿਹਾ ਸੀ ਕਿ ਉਨ੍ਹਾਂ ਨੇ ਹੁਣੇ ਹੀ ਚਾਰਜ ਸੰਭਾਲਿਆ ਸੀ ਅਤੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਕੁਝ ਸਮਾਂ ਦੀ ਮੰਗ ਕੀਤੀ ਗਈ ਸੀ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:2221/2018**
**ਅਪੀਲ ਕੇਸ ਨੰ:2222/2018**

ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵਿਸਥਾਰ-ਪੂਰਵਕ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਵੱਲੋਂ 2880/-ਰੁਪਏ (ਕੇਵਲ ਦੋ ਹਜ਼ਾਰ, ਅੱਠ ਸੌ ਅੱਸੀ ਰੁਪਏ) ਸੂਚਨਾ ਲਈ ਬਣਦੀ ਫੀਸ ਸ਼੍ਰੀ ਬੇਅੰਤ ਸਿੰਘ, ਸਾਬਕਾ ਪੰਚਾਇਤ ਸਕੱਤਰ ਕੋਲ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਸ ਦੇ ਘਰ ਭੇਜੀ ਗਈ ਸੀ ਪਰੰਤੂ ਅਪੀਲਕਰਤਾ ਨੇ ਸੂਚਨਾ ਲੈਣ ਤੋ ਇੰਨਕਾਰ ਕਰ ਦਿੱਤਾ ਸੀ। ਇਸ ਕਰਕੇ ਉਨ੍ਹਾਂ ਵੱਲੋਂ 800 ਪੰਨਿਆਂ ਦੀ ਸੂਚਨਾ ਅਪੀਲਕਰਤਾ ਨੂੰ ਡਾਕ ਰਾਹੀਂ ਭੇਜ ਦਿੱਤੀ ਗਈ ਸੀ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਧੂਰੀ ਅਤੇ ਗਲਤ ਸੂਚਨਾ ਦਿੱਤੀ ਗਈ ਹੈ। ਅਪੀਲਕਰਤਾ ਨੇ ਇਹ ਵੀ ਮੰਨਿਆ ਕਿ ਉਸ ਨੇ ਰਿਕਾਰਡ ਦੀ ਇੰਸਪੈਕਸ਼ਨ ਕਰਕੇ ਸੂਚਨਾ ਦੀ ਸ਼ਨਾਖਤ ਨਹੀਂ ਕੀਤੀ ਸੀ।

5. ਸ਼੍ਰੀ ਬੇਅੰਤ ਸਿੰਘ, ਸਾਬਕਾ ਪੰਚਾਇਤ ਸਕੱਤਰ ਕੋਲ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਕਰਕੇ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼੍ਰੀ ਬੇਅੰਤ ਸਿੰਘ, ਸਾਬਕਾ ਪੰਚਾਇਤ ਸਕੱਤਰ ਵਿਰੁੱਧ ਨਿਯਮਾਂ ਅਧੀਨ ਬਣਦੀ ਕਾਰਵਾਈ ਕਰਨ ਲਈ ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਮੁਹਾਲੀ ਨੂੰ ਲਿਖਿਆ ਜਾਵੇ।

6. ਅਪੀਲਕਰਤਾ ਨੂੰ 800 ਪੰਨਿਆਂ ਦੀ ਸੂਚਨਾ ਭੇਜੀ ਗਈ ਹੈ। ਜਦੋਂ ਪੈਸੇ ਜ਼ਿਆਦਾ ਅਤੇ ਅਪੀਲਕਰਤਾ ਨੂੰ ਪੰਨੇ ਘੱਟ ਭੇਜਣ ਬਾਰੇ ਮੌਜੂਦਾ ਉੱਤਰਦਾਤਾ, ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਨੂੰ ਪੁੱਛਿਆ ਗਿਆ ਤਾਂ ਉਸ ਨੇ 800 ਪੰਨਿਆਂ ਦੇ 1600/-ਰੁਪਏ ਕੱਟ ਕੇ ਬਾਕੀ ਦੇ ਪੈਸੇ ਅਪੀਲਕਰਤਾ ਨੂੰ ਵਾਪਸ ਕਰਨ ਦੀ ਪੇਸ਼ਕਸ਼ ਕੀਤੀ।

7. ਸਾਰੇ ਕੇਸ ਦੀ ਸਥਿਤੀ ਨੂੰ ਵੇਖਦਿਆਂ ਕਮਿਸ਼ਨ ਵੱਲੋਂ ਇਹ ਮਹਿਸੂਸ ਕੀਤਾ ਗਿਆ ਕਿ ਅਪੀਲਕਰਤਾ ਨੂੰ ਪੈਸੇ ਜਮ੍ਹਾਂ ਕਰਾਉਣ ਤੋਂ ਬਾਅਦ ਵੀ ਬਹੁਤ ਦੇਰ ਤੱਕ ਜਾਣਕਾਰੀ ਨਹੀਂ ਦਿੱਤੀ ਗਈ ਸੀ ਜਿਸ ਕਰਕੇ ਮਹਿਕਮਾ ਕਿਸੇ ਤਰ੍ਹਾਂ ਦੇ ਪੈਸਿਆਂ ਦਾ ਹੱਕਦਾਰ ਨਹੀਂ ਹੈ। ਇਸ ਕਰਕੇ ਕਮਿਸ਼ਨ ਵੱਲੋਂ ਹਾਜ਼ਰ ਉੱਤਰਦਾਤਾ, ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਹਦਾਇਤ ਕੀਤੀ ਗਈ ਕਿ ਅਪੀਲਕਰਤਾ ਵੱਲੋਂ ਜਮ੍ਹਾਂ ਕਰਵਾਏ ਗਏ 2840/-ਰੁਪਏ (ਕੇਵਲ ਦੋ ਹਜ਼ਾਰ, ਅੱਠ ਸੌ ਚਾਲ੍ਹੀ ਰੁਪਏ) ਅਪੀਲਕਰਤਾ ਨੂੰ ਵਾਪਸ ਕੀਤੇ ਜਾਣ। ਹਾਜ਼ਰ ਉੱਤਰਦਾਤਾ ਵੱਲੋਂ ਮੌਕੇ ਤੇ ਹੀ ਅਪੀਲਕਰਤਾ ਨੂੰ ਆਪਣੇ ਕੋਲੋਂ 2840/-ਰੁਪਏ (ਕੇਵਲ ਦੋ ਹਜ਼ਾਰ, ਅੱਠ ਸੌ ਚਾਲੀ ਰੁਪਏ) ਦੀ ਨਕਦ ਅਦਾਇਗੀ ਕਰ ਦਿੱਤੀ ਗਈ ਅਤੇ ਅਪੀਲਕਰਤਾ ਕੋਲੋਂ ਰਸੀਦ ਪ੍ਰਾਪਤ ਕਰ ਲਈ ਗਈ। ਇਸ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ 2840/-ਰੁਪਏ (ਕੇਵਲ ਦੋ ਹਜ਼ਾਰ, ਅੱਠ ਸੌ ਚਾਲੀ ਰੁਪਏ) ਦੀ ਰਕਮ ਦੀ ਅਦਾਇਗੀ ਮਹਿਕਮੇ ਦੇ ਫੰਡ ਵਿੱਚੋਂ ਬੈਂਕ ਡਰਾਫਟ ਰਾਹੀਂ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ ਨੂੰ ਕਰ ਦਿੱਤੀ ਜਾਵੇ।

8. ਉਪਰੋਕਤ ਪੈਰ੍ਹਾ 6 ਅਤੇ 7 ਵਿੱਚ ਦਰਸਾਈ ਗਈ ਸਥਿਤੀ ਦੇ ਸਨਮੁੱਖ ਇਨ੍ਹਾਂ ਕੇਸਾਂ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤੇ ਗਏ **ਅਪੀਲ ਕੇਸ ਦਾਖਲ ਦਫ਼ਤਰ** ਕੀਤੇ ਜਾਂਦੇ ਹਨ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 27 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**